ਅਜੀਤ, ਚੰਡੀਗੜ੍ਹ
ਫ਼ਤਹਿਗੜ੍ਹ ਸਾਹਿਬ
ਅਜੀਤ
ਸੋਮਵਾਰ, 9 ਦਸੰਬਰ 2024

ਬਾਬਾ ਮੋਤੀ ਰਾਮ ਮਹਿਰਾ ਟਰੱਸਟ ਵਲੋਂ ਦਾਨੀ ਸੱਜਣ ਬਲਜੀਤ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਦਾ ਸਨਮਾਨ ਕਰਦੇ ਹੋਏ ਟਰੱਸਟੀ ਤੇ ਹੋਰ ਸੱਜਣ। ਅਜੀਤ ਤਸਵੀਰ

ਗੁਰਦੁਆਰਾ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਕਾਰਸੇਵਾ ਲਈ ਦਾਨੀ ਸੱਜਣ ਨੇ ਮਾਇਆ ਕੀਤੀ ਭੇਟ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਮਨਪ੍ਰੀਤ ਸਿੰਘ)-ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਯਾਦਗਾਰ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਭਾਦਸੋਂ ਨਿਵਾਸੀ ਬਲਜੀਤ ਸਿੰਘ ਸੇਵਾ ਮੁਕਤ ਲੈਕਚਰਾਰ ਵਲੋਂ ਗੁਰਦੁਆਰਾ ਸਾਹਿਬ ਵਿਚ ਚੱਲ ਰਹੀ ਇਮਾਰਤ ਦੀ ਕਾਰਸੇਵਾ ਲਈ 51 ਹਜ਼ਾਰ ਰੁਪਏ ਨਕਦ ਭੇਟ ਕੀਤੇ ਗਏ। ਇਸ ਮੌਕੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਦੇ ਮੀਤ ਚੇਅਰਮੈਨ ਜੈਕ੍ਰਿਸ਼ਨ ਕਸ਼ਿਅਪ, ਸੈਕਟਰੀ ਗੁਰਮੀਤ ਸਿੰਘ ਮੋਰਿੰਡਾ, ਮੈਨੇਜਰ ਨਵਜੋਤ ਸਿੰਘ, ਜੋਗਿੰਦਰਪਾਲ ਸਿੰਘ, ਬੀਰਦਵਿੰਦਰ ਸਿੰਘ ਨੇ ਦਾਨੀ ਸੱਜਣ ਬਲਜੀਤ ਸਿੰਘ ਦਾ ਜਿੱਥੇ ਧੰਨਵਾਦ ਕੀਤਾ, ਉੱਥੇ ਹੀ ਗ੍ਰੰਥੀ ਸਿੰਘ ਭਾਈ ਨਾਹਰ ਸਿੰਘ ਨੇ ਪਰਿਵਾਰ 'ਚ ਸੁੱਖ-ਸ਼ਾਂਤੀ ਦੀ ਅਰਦਾਸ ਵੀ ਕੀਤੀ। ਟਰੱਸਟੀਆਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਜਿੱਥੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਅਸਥਾਨ ਦੇ ਦਰਸ਼ਨ ਕਰਦੇ ਹਨ, ਉੱਥੇ ਗੁਰੂ ਘਰ ਦੇ ਸੇਵਕ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਅਸਥਾਨ ਦੇ ਦਰਸ਼ਨ ਵੀ ਕਰਨ ਆਉਣ ਅਤੇ ਜਿਹੜੇ ਗਲਾਸਾਂ ਨਾਲ ਬਾਬਾ ਮੋਤੀ ਰਾਮ ਮਹਿਰਾ ਜੀ ਨੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਨੂੰ ਦੁੱਧ ਛਕਾਇਆ ਸੀ, ਉਨ੍ਹਾਂ ਦੇ ਦਰਸ਼ਨ ਵੀ ਕਰਕੇ ਜਾਣ। ਟਰੱਸਟੀਆਂ ਨੇ ਦੱਸਿਆ ਕਿ ਬਾਬਾ ਜੀ ਦੇ ਅਸਥਾਨ 'ਤੇ ਸ਼ਹੀਦੀ ਜੋੜ ਮੇਲ ਤੇ ਆਉਂਦੀ ਸੰਗਤ ਲਈ ਪੁਖ਼ਤਾ ਰਿਹਾਇਸ਼ ਤੇ ਲੰਗਰ ਦੇ ਪ੍ਰਬੰਧ ਕੀਤੇ ਜਾਂਦੇ ਹਨ ਅਤੇ ਤਿੰਨੇ ਦਿਨ ਦੁੱਧ ਦੇ ਲੰਗਰ ਵੀ ਲਗਾਇਆ ਜਾਂਦਾ ਹੈ। ਉਨ੍ਹਾਂ ਸੰਗਤਾਂ ਨੂੰ ਗੁਰਦੁਆਰਾ ਸਾਹਿਬ ਚੱਲ ਰਹੀ ਕਾਰਸੇਵਾ ਵਿਚ ਹਿੱਸਾ ਪਾਉਣ ਦੀ ਅਪੀਲ ਵੀ ਕੀਤੀ।

ਗੁਰ ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਈ ਸਾਲਾਨਾ ਅਥਲੈਟਿਕ ਮੀਟ ਦੇ ਜੇਤੂ ਵਿਦਿਆਰਥੀ ਸਕੂਲ ਦੇ ਡੀ.ਪੀ.ਈ. ਕਰਮਜੀਤ ਸਿੰਘ ਨਾਲ। ਤਸਵੀਰ: ਜੋਗਿੰਦਰ ਪਾਲ

ਗੁਰ ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਲਾਨਾ ਅਥਲੈਟਿਕ ਮੀਟ ਕਰਵਾਈ

ਖਮਾਣੋਂ, 8 ਦਸੰਬਰ (ਜੋਗਿੰਦਰ ਪਾਲ)-ਗੁਰ ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਲਾਨਾ ਅਥਲੈਟਿਕ ਮੀਟ ਕਰਵਾਈ ਗਈ, ਜਿਸ ਵਿਚ ਰੱਸਾਕੱਸੀ, ਵਾਲੀਬਾਲ, 100 ਮੀਟਰ ਰੇਸ, ਲੈਮਨ ਰੇਸ, ਬੋਰਾ ਰੇਸ, ਸਲੋਅ ਸਾਈਕਲਿੰਗ ਰੇਸ, ਗੋਲਾ ਸੁੱਟਣਾ ਅਤੇ ਲੰਬੀ ਛਾਲ ਆਦਿ ਮੁਕਾਬਲੇ ਕਰਵਾਏ ਗਏ। ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਇਸ ਵਿਚ ਵਧ ਚੜ੍ਹ ਕੇ ਭਾਗ ਲਿਆ। ਵਾਲੀਬਾਲ ਦੇ ਮੈਚ ਵਿਚ ਬਾਰ੍ਹਵੀਂ ਆਰਟਸ ਦੇ ਵਿਦਿਆਰਥੀਆਂ ਨੇ ਸਾਇੰਸ ਗਰੁੱਪ ਦੇ ਵਿਦਿਆਰਥੀਆਂ ਨੂੰ ਹਰਾਇਆ। ਇਸ ਮੌਕੇ ਸਕੂਲ ਦੇ ਡੀ.ਪੀ.ਈ. ਕਰਮਜੀਤ ਸਿੰਘ ਨੇ ਰੈਫ਼ਰੀ ਦੀ ਭੂਮਿਕਾ ਬਾਖ਼ੂਬੀ ਨਿਭਾਈ। ਖੇਡਾਂ ਸਮਾਪਤ ਹੋਣ 'ਤੇ ਇਨਾਮਾਂ ਦੀ ਵੰਡ ਸਕੂਲ ਦੇ ਪ੍ਰਿੰਸੀਪਲ ਪ੍ਰਦੀਪ ਸ਼ੁਕਲਾ ਨੇ ਕੀਤੀ ਅਤੇ ਉਨ੍ਹਾਂ ਨੇ ਆਪਣੇ ਭਾਸ਼ਣ ਵਿਚ ਖੇਡਾਂ ਦੀ ਮਹੱਤਤਾ 'ਤੇ ਚਾਨਣਾ ਪਾਇਆ।

ਨਜ਼ਦੀਕੀ ਪਿੰਡ ਖੇੜੀ ਵਿਖੇ ਸਰਪੰਚ ਜਸਵੰਤ ਸਿੰਘ ਵਲੋਂ ਆਪਣੀ ਦੇਖ-ਰੇਖ ਹੇਠ ਡੀਪੂ ਵਿਖੇ ਕਣਕ ਦੀ ਵੰਡ ਕਰਵਾਈ ਗਈ। ਇਸ ਮੌਕੇ ਅਰਸ਼ਪ੍ਰੀਤ ਸਿੰਘ ਪੰਚ, ਪ੍ਰਿਅੰਕਾ ਰਾਣੀ ਪੰਚ, ਅਨਵਰ ਮੁਹੰਮਦ ਪੰਚ, ਰੋਸ਼ਾ ਖੇੜੀ, ਉਮਰਦੀਨ ਖ਼ਾਨ, ਜਸਪਾਲ ਸਿੰਘ, ਭੁਪਿੰਦਰ ਸਿੰਘ, ਹਰੀ ਚੰਦ, ਸੁਸ਼ੀਲ ਕੁਮਾਰ, ਪਰਮਜੀਤ ਸਿੰਘ, ਮਲਕੀਤ ਸਿੰਘ ਮੀਕਾ ਤੇ ਡੀਪੂ ਹੋਲਡਰ ਗੁਰਦਰਸ਼ਨ ਸਿੰਘ ਆਦਿ ਹਾਜ਼ਰ ਸਨ। ਵੇਰਵਾ ਮਨਪ੍ਰੀਤ ਸਿੰਘ/ਅਜੀਤ ਤਸਵੀਰ

ਪਿੰਡ ਜਲਵੇੜ੍ਹਾ ਵਿਖੇ ਸਮਾਗਮ ਦੌਰਾਨ ਕਲਾਕਾਰਾਂ ਦੇ ਸਨਮਾਨ ਕਰਦੇ ਹੋਏ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਕੈਪਟਨ ਮਨਤੇਜ ਸਿੰਘ ਚੀਮਾ ਤੇ ਹੋਰ। ਅਜੀਤ ਤਸਵੀਰ

ਯੁਵਕ ਸੇਵਾਵਾਂ ਵਿਭਾਗ ਵਲੋਂ ਜਲਵੇੜ੍ਹਾ 'ਚ ਨਸ਼ਿਆਂ ਖ਼ਿਲਾਫ਼ ਸੈਮੀਨਾਰ ਕਰਵਾਇਆ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਰਵਿੰਦਰ ਮੌਦਗਿਲ)-ਯੁਵਕ ਸੇਵਾਵਾਂ ਵਿਭਾਗ ਵਲੋਂ ਪਿੰਡ ਜਲਵੇੜ੍ਹਾ ਵਿਖੇ ਯੁਵਕ ਸੇਵਾਵਾਂ ਕਲੱਬ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਕੈਪਟਨ ਮਨਤੇਜ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਸਹੀ ਰਾਹ 'ਤੇ ਲਿਆਉਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਕੈਪਟਨ ਚੀਮਾ ਨੇ ਕਿਹਾ ਕਿ ਨਸ਼ੇ ਅੱਜ ਸਾਡੇ ਸਭਨਾਂ ਲਈ ਇਕ ਗੰਭੀਰ ਸਮੱਸਿਆ ਦਾ ਰੂਪ ਧਾਰਨ ਕਰਦੇ ਜਾ ਰਹੇ ਹਨ ਅਤੇ ਨਸ਼ਿਆਂ ਦੇ ਖ਼ਾਤਮੇ ਲਈ ਜੇਕਰ ਅਸੀਂ ਹੁਣ ਤੋਂ ਹੀ ਸੁਚੇਤ ਹੋ ਕੇ ਲਾਮਬੱਧ ਨਾ ਹੋਏ ਤਾਂ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀ ਲਾਹਨਤ ਤੋਂ ਦੂਰ ਰੱਖਣ ਲਈ ਨਿਰੰਤਰ ਯਤਨ ਕਰਨੇ ਪੈਣਗੇ। ਇਸ ਮੌਕੇ ਸਰਫਰੋਸ਼ ਰੰਗਮੰਚ ਦੇ ਕਲਾਕਾਰਾਂ ਵਲੋਂ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਦੋਂ ਕਿ ਯੁਵਰਾਜ ਸਿੰਘ ਪੰਨੂ ਚਮਕੌਰ ਸਾਹਿਬ ਨੇ ਸੱਭਿਆਚਾਰਕ ਗੀਤ ਪੇਸ਼ ਕੀਤਾ। ਇਸ ਮੌਕੇ ਪਿੰਡ ਜਲਵੇੜ੍ਹਾ ਦੇ ਸਰਪੰਚ ਸੋਨੀ ਬੇਗਮ, ਹੈੱਡ ਮਾਸਟਰ ਦਰਸ਼ਨ ਸਿੰਘ, ਡਾਲੀ ਸ਼ਾਹ, ਕੁਲਦੀਪ ਸਿੰਘ, ਆਰਿਅਨ ਮਹਾਜਨ, ਸ਼ਿਵਮ ਸੂਦ, ਵਿਸ਼ਾਲ ਸਿੰਘ, ਵਰਸ਼ਦੀਪ ਸਿੰਘ, ਮਨਦੀਪ ਸਿੰਘ, ਮਨਦੀਪ ਕੁਮਾਰ, ਮਨਦੀਪ ਲੋਟੇ, ਗੋਰਵ, ਰਫ਼ੀਕ ਮੁਹੰਮਦ ਤੋਂ ਇਲਾਵਾ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਪੈਰਾ ਖਿਡਾਰਨ ਬਲਵਿੰਦਰ ਕੌਰ ਨੂੰ ਸਨਮਾਨਿਤ ਕਰਦੇ ਹੋਏ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ, ਪਰਮਿੰਦਰ ਭਲਵਾਨ, ਜਤਵਿੰਦਰ ਗਰੇਵਾਲ, ਗੁਰਵਿੰਦਰ ਸਿੰਘ ਸੋਹੀ ਤੇ ਹੋਰ। ਅਜੀਤ ਤਸਵੀਰ

ਖੇਤੀਬਾੜੀ ਵਿਭਾਗ ਨੇ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 46 ਕਿਸਾਨਾਂ ਨੂੰ ਕੀਤਾ ਸਨਮਾਨਿਤ

ਧਰਤੀ 'ਚ ਸੂਖਮ ਤੱਤਾਂ ਦੀ ਘਾਟ ਨੂੰ ਪੂਰਾ ਕਰਨਾ ਸਮੇਂ ਦੀ ਲੋੜ-ਮਨਰੀਤ ਰਾਣਾ

ਖਮਾਣੋਂ, 8 ਦਸੰਬਰ (ਮਨਮੋਹਣ ਸਿੰਘ ਕਲੇਰ, ਜੋਗਿੰਦਰ ਪਾਲ)-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੇ ਆਦੇਸ਼ਾਂ ਅਨੁਸਾਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਜ਼ਿਲ੍ਹੇ ਵਿਚ ਜ਼ੀਰੋ ਬਰਨਿੰਗ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਪਿੰਡ ਪੋਲੋ ਮਾਜਰਾ ਵਿਖੇ ਸੀ.ਆਈ.ਆਈ. ਫਾਊਂਡੇਸ਼ਨ ਦੇ ਸਹਿਯੋਗ ਨਾਲ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 46 ਕਿਸਾਨਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਐਸ.ਡੀ.ਐਮ. ਖਮਾਣੋਂ ਮਨਰੀਤ ਰਾਣਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇਸ ਸਾਲ ਜ਼ੀਰੋ ਬਰਨਿੰਗ ਦਾ ਟੀਚਾ ਮਿਥਿਆ ਗਿਆ ਸੀ ਅਤੇ ਕਿਸਾਨਾਂ ਨੂੰ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ ਸੀ। ਜਿਸ ਦੇ ਨਤੀਜਿਆਂ ਵਜੋਂ ਜ਼ਿਲ੍ਹੇ ਵਿਚ ਇਸ ਸਾਲ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿਚ ਕਮੀ ਆਈ ਹੈ। ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਅਗਾਂਹਵਧੂ ਕਿਸਾਨ ਜ਼ਿਲ੍ਹੇ ਦੇ ਹੋਰਨਾ ਕਿਸਾਨਾਂ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਥਾਂ ਉਸ ਨੂੰ ਖੇਤ ਵਿਚ ਹੀ ਵਾਹੁਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵਿਚ ਵਾਧਾ ਹੁੰਦਾ ਹੈ ਅਤੇ ਵਾਤਾਵਰਨ ਵੀ ਪ੍ਰਦੂਸ਼ਣ ਮੁਕਤ ਰਹਿੰਦਾ ਹੈ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ: ਧਰਮਿੰਦਰਜੀਤ ਸਿੰਘ ਨੇ ਕਿਹਾ ਕਿ ਧਰਤੀ ਵਿਚ ਸੂਖਮ ਤੱਤਾਂ ਦੀ ਘਾਟ ਨੂੰ ਪੂਰਾ ਕਰਨਾ ਸਮੇਂ ਦੀ ਮੁੱਖ ਲੋੜ ਹੈ ਅਤੇ ਪਰਾਲੀ ਨੂੰ ਖੇਤ ਵਿਚ ਰਲਾ ਕੇ ਇਸ ਘਾਟ ਦੀ ਪੂਰਤੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਅਤੇ ਬੇਲੋੜੀਆਂ ਸਪਰੇਆਂ ਅਤੇ ਖਾਦਾਂ ਤੋਂ ਗੁਰੇਜ਼ ਕਰਨ। ਖੇਤੀਬਾੜੀ ਅਫ਼ਸਰ ਖਮਾਣੋਂ ਡਾ: ਜਸਵਿੰਦਰ ਸਿੰਘ ਨੇ ਵਿਸ਼ਵ ਮਿੱਟੀ ਦਿਵਸ ਦੇ ਮੌਕੇ 'ਤੇ ਮਿੱਟੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਮਿੱਟੀ ਪਰਖ ਸੰਬੰਧੀ ਜਾਣਕਾਰੀ ਦਿੱਤੀ। ਕਿਸਾਨਾਂ ਨੂੰ ਖਾਦਾਂ ਦੀ ਵਰਤੋਂ ਮਿੱਟੀ ਪਰਖ ਦੇ ਆਧਾਰ 'ਤੇ ਹੀ ਕਰਨੀ ਚਾਹੀਦੀ ਹੈ। ਸੀ.ਆਈ. ਫਾਊਂਡੇਸ਼ਨ ਦੇ ਹਰਪ੍ਰੀਤ ਸਿੰਘ ਨੇ ਪਿੰਡ ਦੇ ਕਿਸਾਨਾਂ ਵਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਪ੍ਰਦੂਸ਼ਣ ਮੁਕਤ ਵਾਤਾਵਰਨ ਦੀ ਸਿਰਜਣਾ ਵਿਚ ਪਾਏ ਯੋਗਦਾਨ ਲਈ ਧੰਨਵਾਦ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ ਲਖਵੀਰ ਸਿੰਘ, ਕਿਸਾਨ ਜਸਬੀਰ ਸਿੰਘ, ਪ੍ਰਧਾਨ ਜਗਦੇਵ ਸਿੰਘ, ਪਰਮਜੀਤ ਸਿੰਘ, ਰਵਿੰਦਰ ਸਿੰਘ, ਖੇਤੀਬਾੜੀ ਵਿਸਥਾਰ ਅਫ਼ਸਰ ਪ੍ਰਿਤਪਾਲ ਸਿੰਘ, ਖੇਤੀਬਾੜੀ ਉਪ ਨਿਰੀਖਕ ਗੁਰਮਿੰਦਰ ਸਿੰਘ, ਗਗਨਦੀਪ ਸਿੰਘ ਏ.ਟੀ.ਐਮ., ਮੁਖਤਿਆਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਦੇ ਕਿਸਾਨ ਹਾਜ਼ਰ ਸਨ।

ਐਸ.ਡੀ.ਐਮ. ਖਮਾਣੋਂ ਕਿਸਾਨਾਂ ਨੂੰ ਸਨਮਾਨਿਤ ਕਰਨ ਮੌਕੇ। ਅਜੀਤ ਤਸਵੀਰ

ਰਾਜ ਪੱਧਰੀ ਮੁਕਾਬਲਿਆਂ 'ਚ ਸੋਨੇ, ਚਾਂਦੀ ਤੇ ਕਾਂਸੇ ਦਾ ਤਗਮਾ ਜਿੱਤਣ ਵਾਲੀ ਪੈਰਾ ਖਿਡਾਰਨ ਬਲਵਿੰਦਰ ਕੌਰ ਦਾ ਵਿਸ਼ੇਸ਼ ਸਨਮਾਨ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਬਲਜਿੰਦਰ ਸਿੰਘ)-ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਫ਼ਤਹਿਗੜ੍ਹ ਸਾਹਿਬ ਵਰਿੰਦਰ ਸਿੰਘ ਟਿਵਾਣਾ ਦੀ ਅਗਵਾਈ ਹੇਠ ਦਫ਼ਤਰੀ ਸਟਾਫ਼ ਵਲੋਂ ਖੇਡਾਂ ਵਤਨ ਪੰਜਾਬ ਦੀਆਂ ਦੇ ਰਾਜ ਪੱਧਰੀ ਮੁਕਾਬਲਿਆਂ 'ਚ ਸੋਨੇ, ਚਾਂਦੀ ਤੇ ਕਾਂਸੇ ਦਾ ਤਗਮਾ ਜਿੱਤਣ ਵਾਲੀ ਪੈਰਾ ਖਿਡਾਰਨ ਬਲਵਿੰਦਰ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਜਾਣਕਾਰੀ ਮੁਤਾਬਿਕ ਪੈਰਾ ਖਿਡਾਰਨ ਬਲਵਿੰਦਰ ਕੌਰ ਨੇ ਖੇਡਾਂ ਵਤਨ ਪੰਜਾਬ ਦੀਆਂ ਦੇ ਲੁਧਿਆਣਾ ਵਿਖੇ ਹੋਏ ਰਾਜ ਪੱਧਰੀ ਮੁਕਾਬਲਿਆਂ ਦੌਰਾਨ ਡਿਸਕਸ ਥਰੋ 'ਚ ਸੋਨ, ਲੰਮੀ ਛਾਲ 'ਚ ਚਾਂਦੀ ਅਤੇ 200 ਮੀਟਰ ਦੌੜ ਵਿਚ ਕਾਂਸੇ ਦਾ ਤਗਮਾ ਜਿੱਤ ਕੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਜ਼ਿਕਰਯੋਗ ਹੈ ਕਿ ਬਲਵਿੰਦਰ ਕੌਰ ਜੋ ਕਿ ਅੱਖਾਂ ਤੋਂ ਦੇਖ ਨਹੀਂ ਸਕਦੀ ਵਲੋਂ ਆਪਣੀ ਮਿਹਨਤ ਸਦਕਾ ਖੇਡਾਂ ਵਿਚ ਤਗਮੇ ਹਾਸਲ ਕੀਤੇ ਗਏ ਹਨ। ਇਸ ਮੌਕੇ 'ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਨੇ ਪੈਰਾ ਖਿਡਾਰਨ ਬਲਵਿੰਦਰ ਕੌਰ ਨੂੰ ਇਸ ਪ੍ਰਾਪਤੀ ਬਦਲੇ ਵਧਾਈ ਦੇ ਨਾਲ-ਨਾਲ ਭਵਿੱਖ ਲਈ ਵੀ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰਾਜਪਾਲ ਐਵਾਰਡੀ ਜਤਵਿੰਦਰ ਗਰੇਵਾਲ, ਗੁਰਵਿੰਦਰ ਸਿੰਘ ਸੋਹੀ ਪ੍ਰਧਾਨ ਜਾਗੋ ਸੰਸਥਾ, ਜਸਕਰਨ ਕੌਰ, ਦੀਪਕ ਬਾਤਿਸ਼, ਅਮਨ ਵੀ ਹਾਜ਼ਰ ਸਨ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਸਕੂਲ ਮੁਖੀ ਪ੍ਰੀਤੀ ਵਿਸ਼ਾਲ ਤੇ ਅਪਾਹਜ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ। ਅਜੀਤ ਤਸਵੀਰ

ਪਿੰਡ ਤਲਾਣੀਆਂ 'ਚ ਅੰਤਰਰਾਸ਼ਟਰੀ ਅਪਾਹਜ ਦਿਵਸ ਮਨਾਇਆ

ਫ਼ਤਹਿਗੜ੍ਹ ਸਾਹਿਬ, 8 ਦਸੰਬਰ (ਰਵਿੰਦਰ ਮੌਦਗਿਲ)-ਅਪਾਹਜ ਵਿਅਕਤੀਆਂ ਦਾ ਅੰਤਰਰਾਸ਼ਟਰੀ ਦਿਵਸ (ਆਈ.ਡੀ.ਪੀ.ਡੀ.) ਲਕਸ਼ਿਆ ਐਜੂਕੇਸ਼ਨ ਸਪੈਸ਼ਲੀ ਏਬਲਡ ਚਿਰਲਡਰਨ ਸੁਸਾਇਟੀ ਪਿੰਡ ਤਲਾਣੀਆਂ ਵਿਖੇ ਮਨਾਇਆ ਗਿਆ। ਜਿਸ ਵਿਚ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਉਨ੍ਹਾਂ ਚੁਣੌਤੀਆਂ 'ਤੇ ਵਿਚਾਰ ਕਰਨ ਦਾ ਵੀ ਹੈ, ਜੋ ਅਪਾਹਜ ਵਿਅਕਤੀਆਂ ਨੂੰ ਦਰਪੇਸ਼ ਹਨ। ਇਹ ਸਮਾਜ ਦੇ ਸਾਰੇ ਪਹਿਲੂਆਂ ਵਿਚ ਅਪਾਹਜ ਵਿਅਕਤੀਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ, ਫ਼ੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਵਿਚ ਅਸਮਰਥ ਵਿਅਕਤੀਆਂ ਦੀ ਭਾਗੀਦਾਰੀ ਨੂੰ ਵਧਾਉਣ, ਅਪਾਹਜ ਵਿਅਕਤੀਆਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨ 'ਤੇ ਉਨ੍ਹਾਂ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਇਕ ਮਹੱਤਵਪੂਰਨ ਮੌਕਾ ਹੈ। ਉਨ੍ਹਾਂ ਦਿਵਿਆਂਗ ਵਿਦਿਆਰਥੀਆਂ ਵਲੋਂ ਪੇਸ਼ ਰ